ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ-ਕਮ-ਸਟੇਟ ਪ੍ਰੋਜੈਕਟ ਡਾਇਰੈਕਟਰ
ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ,
ਪੰਜਵੀਂ ਮੰਜਿਲ, ਈ ਬਲਾਕ, ਸਿੱਖਿਆ ਭਵਨ, ਪੀ.ਐਸ.ਈ.ਬੀ. ਕੰਪਲੈਕਸ, ਫੇਜ਼-8, ਐਸ.ਏ.ਐਸ ਨਗਰ
ਫੋਨ ਨੰ:0172-5212364 Website: www.ssapunjab.org

2058
25/9/2018

ਵੱਲ,

(1) ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), ਪੰਜਾਬ।
(2) ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.), ਪੰਜਾਬ।
(3) ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ, ਪੰਜਾਬ।
(4) ਸਮੂਹ ਬੀ.ਐਮ. ਅਤੇ ਡੀ.ਐਮ., ਪੰਜਾਬ।
(5) ਸਮੂਹ ਸਕੂਲ ਮੁੱਖੀ, ਪੰਜਾਬ।

ਮੀਮੋ ਨੰ : ਸਸਅ/ਐਮਸੀ/2018/ 43586
ਮਿਤੀ : 24-09-2018

ਵਿਸ਼ਾ :- ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਕੁਇਜ਼ ਮੁਕਾਬਲਾ ਕਰਵਾਉਣ ਸਬੰਧੀ।

1.0 ਉਪਰੋਕਤ ਵਿਸ਼ੇ ਸਬੰਧੀ ਲਿਖਿਆ ਜਾਂਦਾ ਹੈ ਕਿ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਪੜਦੇ ਵਿਦਿਆਰਥੀਆਂ ਦਾ ਸਾਇੰਸ, ਮੈਥ, ਅੰਗਰੇਜ਼ੀ ਅਤੇ ਸਮਾਜਿਕ ਸਿੱਖਿਆ ਵਿਸ਼ੇ ਦਾ ਸਕੂਲ ਪੱਧਰੀ ਕੁਇਜ਼ ਮੁਕਾਬਲਾ ਮਿਤੀ 09.10.2018 ਨੂੰ ਕਰਵਾਇਆ ਜਾਵੇਗਾ। ਇਸ ਸਕੂਲ ਪੱਧਰੀ ਕੁਇਜ਼ ਮੁਕਾਬਲੇ ਅਧੀਨ ਰਾਜ ਦੇ ਸਰਕਾਰੀ ਮਿਡਲ ਸਕੂਲਾਂ ਵਿੱਚ ਪੜਦੇ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀ ਅਤੇ ਸਰਕਾਰੀ ਹਾਈ ਸਕੂਲ/ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪੜ੍ਹਦੇ ਛੇਵੀਂ ਤੋਂ ਅੱਠਵੀਂ ਅਤੇ ਨੌਵੀਂ ਤੋਂ ਦਸਵੀਂ ਜਮਾਤ ਦੇ ਵਿਦਿਆਰਥੀ ਭਾਗ ਲੈਣਗੇ। ਹਰ ਸਕੂਲ ਵਿੱਚ ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦੀ ਅਲੱਗ ਟੀਮਾਂ ਅਤੇ ਨੌਵੀਂ ਅਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਦੀ ਅਲੱਗ ਟੀਮਾਂ ਬਣਾ ਕੇ ਇਹ ਮੁਕਾਬਲਾ ਕਰਵਾਇਆ ਜਾਵੇ।

2.0 ਸਕੂਲ ਪੱਧਰੀ ਕੁਇਜ਼ ਮੁਕਾਬਲੇ ਦੇ ਪ੍ਰਸ਼ਨ ਸੰਬੰਧਤ ਵਿਸ਼ਾ ਅਧਿਆਪਕ ਦੁਆਰਾ ਬੀ.ਐਮ. ਦੀ ਸਹਾਇਤਾ ਨਾਲ ਤਿਆਰ ਕੀਤੇ ਜਾਣਗੇ।ਸਕੂਲ ਪੱਧਰੀ ਕੁਇਜ਼ ਮੁਕਾਬਲੇ ਦੇ ਨਿਯਮ ਹੇਠ ਲਿਖੇ ਅਨੁਸਾਰ ਹਨ:

- ਕੁਇਜ਼ ਮੁਕਾਬਲੇ ਦੇ ਪ੍ਰਸ਼ਨ ਓਬਜੈਕਟਿਵ ਟਾਈਪ ਹੋਣਗੇ ਜਿਸਦੇ ਉੱਤਰ ਇੱਕ ਸ਼ਬਦੀ ਹੋਣਗੇ।
- ਪ੍ਰਸ਼ਨ ਛੇਵੀਂ ਤੋਂ ਅੱਠਵੀਂ, ਨੌਵੀਂ ਅਤੇ ਦਸਵੀਂ ਜਮਾਤ ਦੇ ਮੈਥ, ਸਾਇੰਸ, ਅੰਗਰੇਜ਼ੀ ਅਤੇ ਸਮਾਜਿਕ ਸਿੱਖਿਆ ਵਿਸ਼ੇ ਦੇ ਸਿਲੇਬਸ ਅਤੇ NTSE, NMMS, PSTSE, Plympiad (Math), NAS ਦੀ ਤਿਆਰੀ ਨੂੰ ਧਿਆਨ ਵਿੱਚ ਰੱਖਦੇ ਹੋਏ ਬਣਾਏ ਜਾਣਗੇ ।
- ਇਸ ਮੁਕਾਬਲੇ ਵਿੱਚ ਇੱਕ ਪੜਾਅ ਮੈਥ ਦਾ, ਇੱਕ ਪੜਾਅ ਸਾਇੰਸ ਦਾ, ਇੱਕ ਪੜਾਅ ਅੰਗਰੇਜ਼ੀ ਦਾ ਅਤੇ ਇੱਕ ਪੜਾਅ ਸਮਾਜਿਕ ਸਿੱਖਿਆ ਵਿਸ਼ੇ ਦਾ ਹੋਵੇਗਾ।
- ਲੋੜ ਅਨੁਸਾਰ ਇਹ ਪੜਾਅ ਵਧਾਏ ਵੀ ਜਾ ਸਕਦੇ ਹਨ।
- ਹਰੇਕ ਪ੍ਰਸ਼ਨ 2 ਅੰਕਾਂ ਦਾ ਹੋਵੇਗਾ। ਟੀਮ ਦਾ ਉੱਤਰ ਸਹੀ ਹੋਣ ਤਾਂ ਟੀਮ ਨੂੰ 2 ਅੰਕ ਮਿਲਣਗੇ।
- ਹਰ ਪ੍ਰਸ਼ਨ ਦਾ ਉੱਤਰ ਦੇਣ ਲਈ 30 ਸੈਕਿੰਡ ਦਾ ਸਮਾਂ ਦਿੱਤਾ ਜਾਵੇਗਾ।
- ਜੇਕਰ ਟੀਮ ਉੱਤਰ ਨਾ ਦੇ ਸਕੇ ਜਾਂ ਗਲਤ ਉੱਤਰ ਹੋਵੇ ਤਾਂ ਪ੍ਰਸ਼ਨ ਅਗਲੀ ਟੀਮ ਨੂੰ ਪਾਸ ਕਰ ਦਿੱਤਾ ਜਾਵੇਗਾ।
- ਜੋ ਟੀਮ ਅਜਿਹੇ ਪਾਸ ਕੀਤੇ ਪ੍ਰਸ਼ਨ ਦਾ ਸਹੀ ਉੱਤਰ ਦੇਵੇਗੀ ਉਸਨੂੰ 1 ਅੰਕ ਦਿੱਤਾ ਜਾਵੇਗਾ।
- ਟੀਮਾਂ ਦੇ Tie ਹੋਣ ਦੀ ਸੂਰਤ ਵਿੱਚ ਵਿਸ਼ੇਸ਼ Tie Round ਕਰਵਾਇਆ ਜਾ ਸਕਦਾ ਹੈ।
- ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), ਡੀ.ਐਸ.ਐਸ., ਬੀ.ਐਮ ਅਤੇ ਡੀ.ਐਮ. (ਮੈਥ,ਸਾਇੰਸ, ਅੰਗਰੇਜ਼ੀ ਅਤੇ ਸਮਾਜਿਕ ਸਿੱਖਿਆ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਕੁਇਜ਼ ਮੁਕਾਬਲੇ ਲਈ ਚੁਣੇ ਗਏ ਵਿਦਿਆਰਥੀਆਂ ਨੂੰ ਸਕੂਲਾਂ ਦੀ ਆਨ-ਸਾਈਟ ਮੋਨੀਟਰਿੰਗ ਦੌਰਾਨ ਪ੍ਰਸ਼ਨ ਬੈਂਕ, ਮੁਕਾਬਲੇ ਦੀ ਤਿਆਰੀ ਲਈ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਮੋਟੀਵੇਟ ਕੀਤਾ ਜਾਵੇ।
- ਇਸ ਮੁਕਾਬਲੇ ਵਿੱਚ ਹਰ ਸਕੂਲ ਤੋਂ ਜੇਤੂ ਟੀਮ/ਟੀਮਾਂ ਬਲਾਕ ਪੱਧਰੀ ਕੁਇਜ਼ ਮੁਕਾਬਲੇ ਵਿੱਚ ਭਾਗ ਲੈਣਗੀਆਂ।

3.0 ਬਲਾਕ ਪੱਧਰੀ, ਜ਼ਿਲ੍ਹਾ ਪੱਧਰੀ ਅਤੇ ਰਾਜ ਪੱਧਰੀ ਕੁਇਜ ਮੁਕਾਬਲੇ ਸਬੰਧੀ ਆਪ ਨੂੰ ਬਾਅਦ ਵਿੱਚ ਸੂਚਿਤ ਕੀਤਾ ਜਾਵੇਗਾ।

ਹੁਕਮਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ

ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ ਸਿੱਖਿਆ) ਫਰੀਦਕੋਟ।

ਪੱਤਰ ਨੰ: ਡੀ.ਐੱਸ.ਐੱਸ./( )2018/ਕੁਇਜ਼/505 ਮਿਤੀ: 25/9/18

ਸਮੂਹ ਸਕੂਲ ਮੁਖੀਆਂ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਪੱਤਰ ਵਿੱਚ ਦਰਜ ਹਦਾਇਤਾਂ ਅਨੁਸਾਰ ਸਕੂਲ ਪੱਧਰ ਤੇ ਨਿਰਧਾਰਿਤ ਮਿਤੀ ਨੂੰ ਕੁਇਜ਼ ਕਰਵਾਉਣ ਸਕੂਲ ਮੁਖੀ ਦੀ ਜ਼ਿੰਮੇਵਾਰੀ ਹੋਵੇਗੀ। ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਜ਼ਿ: ਸਿੱਖਿਆ ਅਫਸਰ (ਸ)
ਫਰੀਦਕੋਟ।